# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 11-03-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਜਲ ਮਹੋਤਸਵ 2026 ਸਮਾਗਮ ਵਿੱਚ ਸ਼ਿਰਕਤ ਕੀਤੀ- ਕਿਹਾ ਪਾਣੀ ਦੀ ਸੰਭਾਲ, ਹਰ ਨਾਗਰਿਕ ਦਾ ਫਰਜ਼ ਏ ।

- ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ 'ਚ ਅੱਜ ਵੱਖ-ਵੱਖ ਮੁਦਿਆਂ ਨੂੰ ਲੈਕੇ ਚਰਚਾ ਜਾਰੀ ਰਹੀ- ਸੂਚਨਾ ਤਕਨਾਲੋਜੀ ਮੰਤਰੀ ਅਮਨ ਅਰੋੜਾ ਨੇ ਕਿਹਾ -ਸੂਬਾ ਸਰਕਾਰ ਨਾਬਾਲਗਾਂ ਵਲੋਂ ਸੋਸ਼ਲ ਮੀਡੀਆ ਦੀ ਵਰਤੋਂ ਸਬੰਧੀ ਨਿਯਮ ਬਣਾਉਣ ਵਾਸਤੇ ਮਾਮਲਾ, ਕੇਂਦਰ ਸਰਕਾਰ ਕੋਲ ਚੁੱਕੇਗ ।

- ਪੰਜਾਬ ਦੇ ਕੈਬਿਨੇਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ -ਜ਼ਰੂਰੀ ਵਸਤਾਂ ਦੀ ਗੈਰ-ਕਾਨੂੰਨੀ ਜਮ੍ਹਾਂਖੋਰੀ ਵਿੱਚ ਸ਼ਾਮਲ ਵਿਅਕਤੀ ਖਿਲਾਫ ਹੋਵੇਗੀ ਸਖ਼ਤ ਕਾਰਵਾਈ - ਜ਼ਿਲਾ ਪ੍ਰਸ਼ਾਸ਼ਨ ਵਲੋਂ ਲੋਕਾਂ ਨੂੰ ਅਫ਼ਵਾਹਾਂ ’ਤੇ ਵਿਸ਼ਵਾਸ ਨਾ ਕਰਨ ਦੀ ਅਪੀਲ- ਕਿਹਾ ਸੂਬੇ 'ਚ LPG ਗੈਸ, ਪੈਟਰੋਲ ਅਤੇ ਡੀਜ਼ਲ ਦੀ ਕੋਈ ਕਮੀ ਨਹੀਂ ।ਅਤੇ

- ਨਾਰਕੋਟਿਕਸ ਕੰਟਰੋਲ ਬਿਊਰੋ ਨੇ ਤਰਨਤਾਰਨ ਜ਼ਿਲ੍ਹੇ ਦੇ ਪਿੰਡ ਕਲਸੀਆਂ ਕਲਾਂ ਤੋਂ ਆਮ ਆਦਮੀ ਪਾਰਟੀ ਦੇ ਮੌਜੂਦਾ ਸਰਪੰਚ ਪਰਮਜੀਤ ਸਿੰਘ ਦੇ ਘਰ ਛਾਪਾ ਮਾਰਿਆ -18 ਕਿਲੋ ਹੈਰੋਇਨ ਸਮੇਤ ਕੀਤਾ ਗਿਰਫ਼ਤਾਰ ।

## **ਹੁਣ ਖਬਰਾਂ ਵਿਸਥਾਰ ਨਾਲ**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਜਲ ਮਹੋਤਸਵ 2026 ਸਮਾਗਮ ਵਿੱਚ ਸ਼ਿਰਕਤ ਕੀਤੀ। ਸਮਾਗਮ ਵਿੱਚ ਬੋਲਦਿਆਂ, ਰਾਸ਼ਟਰਪਤੀ ਨੇ ਜ਼ੋਰ ਦੇ ਕੇ ਕਿਹਾ ਕਿ ਪਾਣੀ ਦੀ ਸੰਭਾਲ ਹਰ ਨਾਗਰਿਕ ਦਾ ਫਰਜ਼ ਏ । ਰਾਸ਼ਟਰਪਤੀ ਨੇ

ਰਾਸ਼ਟਰ ਨੂੰ ਪਾਣੀ ਨੂੰ ਇੱਕ ਅਨਮੋਲ ਖਜ਼ਾਨਾ ਮੰਨਣ ਦੀ ਅਪੀਲ ਕੀਤੀ, ਜਿਸਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਅਤ ਰੱਖਿਆ ਜਾਣਾ ਚਾਹੀਦਾ ਏ । ਇੱਕ ਪਾਏਦਾਰ ਭਵਿੱਖ ਨੂੰ ਸੁਰੱਖਿਅਤ ਕਰਨ ਲਈ, ਰਾਸ਼ਟਰਪਤੀ ਮੁਰਮੂ ਨੇ ਸਾਰਿਆਂ ਨੂੰ ਪਾਣੀ ਦੀ ਸੰਭਾਲ ਨੂੰ ਸਿਰਫ਼ ਇੱਕ ਅਭਿਆਸ ਹੀ ਨਹੀਂ, ਸਗੋਂ ਜੀਵਨ ਦਾ ਇੱਕ ਤਰੀਕਾ ਬਣਾਉਣ ਦਾ ਸੱਦਾ ਦਿੱਤਾ।

BYTE

ਰਾਸ਼ਟਰਪਤੀ ਨੇ ਕਿਹਾ ਕਿ ਨਲ ਜਲ ਮਿੱਤਰ ਪ੍ਰੋਗਰਾਮ ਦੇ ਤਹਿਤ, ਸਵੈ-ਸਹਾਇਤਾ ਸਮੂਹਾਂ ਦੀਆਂ ਪੇਂਡੂ ਨੌਜਵਾਨਾਂ ਅਤੇ ਔਰਤਾਂ ਨੂੰ ਜਲ ਸਪਲਾਈ ਪ੍ਰਣਾਲੀਆਂ ਦੇ ਸੰਚਾਲਨ ਅਤੇ ਰੱਖ-ਰਖਾਅ ਵਿੱਚ ਸਰਗਰਮ ਭਾਈਵਾਲ ਬਣਾਉਣ ਲਈ ਸਿਖਲਾਈ ਦਿੱਤੀ ਜਾ ਰਹੀ ਏ । ਰਾਸ਼ਟਰਪਤੀ ਮੁਰਮੂ ਨੇ ਉਜਾਗਰ ਕੀਤਾ, ਇਹ ਪਹਿਲ ਨਾ ਸਿਰਫ਼ ਪਾਣੀ ਦੀ ਸੰਭਾਲ ਵਿੱਚ ਯੋਗਦਾਨ ਪਾ ਰਹੀ ਏ ਬਲਕਿ ਪੇਂਡੂ ਖੇਤਰਾਂ ਵਿੱਚ ਅਰਥਪੂਰਨ ਰੁਜ਼ਗਾਰ ਦੇ ਮੌਕੇ ਵੀ ਪੈਦਾ ਕਰ ਰਹੀ ਏ ।  ਰਾਸ਼ਟਰਪਤੀ ਮੁਰਮੂ ਨੇ ਸੰਤੁਸ਼ਟੀ ਪ੍ਰਗਟ ਕੀਤੀ ਕਿ ਇਸ ਦਿਸ਼ਾ ਵਿੱਚ ਮਹੱਤਵਪੂਰਨ ਕੰਮ ਕੀਤਾ ਜਾ

ਰਿਹਾ ਏ , ਅਤੇ ਪਾਣੀ-ਸੁਰੱਖਿਅਤ ਭਵਿੱਖ ਵੱਲ ਨਿਰੰਤਰ ਗਤੀ ਨੂੰ ਉਤਸ਼ਾਹਿਤ ਕੀਤਾ।

------------------------------------------------------------------------------

ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ 'ਚ ਅੱਜ ਵੱਖ-ਵੱਖ ਮੁਦਿਆਂ ਨੂੰ ਲੈਕੇ ਚਰਚਾ ਜਾਰੀ ਰਹੀ । ਟਰਾਂਸਪੋਰਟ ਅਤੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਅੱਜ ਪੰਜਾਬ ਵਿਧਾਨ ਸਭਾ ਵਿੱਚ ਪੰਜਾਬ ਬਜਟ 2026–27 ’ਤੇ ਹੋ ਰਹੀ ਚਰਚਾ ਵਿੱਚ ਹਿੱਸਾ ਲੈਂਦਿਆਂ ਇਸ ਬਜਟ ਨੂੰ ਦੂਰਦਰਸ਼ੀ ਅਤੇ ਆਮ ਲੋਕਾਂ ਦੀ ਭਲਾਈ ਉੱਤੇ ਕੇਂਦਰਿਤ ਕਰਾਰ ਦਿੱਤਾ। ਮੰਤਰੀ ਨੇ ਕਿਹਾ ਕਿ ਇਹ ਬਜਟ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੀਆਂ ਗਰੰਟੀਆਂ ਨੂੰ ਪੂਰਾ ਕਰਨ ਅਤੇ ਸੂਬੇ ਵਿੱਚ ਸਮਾਂਬੱਧ ਵਿਕਾਸ ਨੂੰ ਯਕੀਨੀ ਬਣਾਉਣ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ । ਇਹ ਬਜਟ ਖਾਸ ਤੌਰ ’ਤੇ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ, ਮਹਿਲਾਵਾਂ ਅਤੇ ਹਾਸ਼ੀਏ ’ਤੇ ਰਹਿੰਦੇ ਵਰਗਾਂ ਦੀ ਸਮਾਜਿਕ ਅਤੇ ਆਰਥਿਕ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਤਿਆਰ ਕੀਤਾ ਗਿਆ ਏ । ਉਨ੍ਹਾਂ ਕਿਹਾ ਕਿ

ਸਰਕਾਰ ਨੇ ਲੋਕ ਭਲਾਈ ਯੋਜਨਾਵਾਂ ਨੂੰ ਵਧਾਉਣ ਅਤੇ ਸਰਕਾਰੀ ਸਕੀਮਾਂ ਦੇ ਲਾਭ ਹਰ ਘਰ ਤੱਕ ਪਹੁੰਚਾਉਣ ਲਈ ਕਈ ਮਹੱਤਵਪੂਰਨ ਕਦਮ ਚੁੱਕੇ ਨੇ। ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ ਵੱਲੋਂ ਪੇਸ਼ ਕੀਤੇ ਗਏ ਧਿਆਨ ਦਿਵਾਊ ਮਤੇ ਦਾ ਜਵਾਬ ਦਿੰਦਿਆਂ ਪੰਜਾਬ ਦੇ ਸੂਚਨਾ ਤਕਨਾਲੋਜੀ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਸੂਬਾ ਸਰਕਾਰ ਨਾਬਾਲਗਾਂ ਵਲੋਂ ਸੋਸ਼ਲ ਮੀਡੀਆ ਦੀ ਵਰਤੋਂ ਸਬੰਧੀ ਨਿਯਮ ਬਣਾਉਣ ਵਾਸਤੇ ਮਾਮਲਾ ਕੇਂਦਰ ਸਰਕਾਰ ਕੋਲ ਚੁੱਕੇਗੀ। ਇਸ ਤੋਂ ਇਲਾਵਾ ਸੂਬਾ ਸਰਕਾਰ ਬੱਚਿਆਂ ਦੇ ਹਿੱਤਾਂ ਦੀ ਰਾਖੀ ਲਈ ਆਲਮੀ ਪੱਧਰ ‘ਤੇ ਮੁਲਾਂਕਣ ਕਰੇਗੀ। ਸ੍ਰੀ ਅਰੋੜਾ ਨੇ ਕਿਹਾ ਕਿ ਡਿਜੀਟਲ ਸਮੱਗਰੀ ਦੀ ਵਰਤੋਂ ਉਮਰ-ਅਧਾਰਤ ਹੋਣੀ ਚਾਹੀਦੀ ਏ। ਮੋਬਾਈਲ ਫੋਨ ਦੀ ਵਧਦੀ ਆਦਤ ਅਤੇ ਬੱਚਿਆਂ ਦੇ ਨੁਕਸਾਨਦੇਹ ਔਨਲਾਈਨ ਸਮੱਗਰੀ ਦੇ ਸੰਪਰਕ ‘ਚ ਆਉਣ ਦੀ ਸਮੱਸਿਆ ਦੇ ਟਾਕਰੇ ਲਈ ਸੂਬਾ ਸਰਕਾਰ ਦੀ ਵਿਆਪਕ "ਡਿਜੀਟਲ ਸੇਫਟੀ ਨੈੱਟ" ਰਣਨੀਤੀ ਦੀ ਰੂਪਰੇਖਾ ਬਾਰੇ ਦੱਸਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ।

BYTE

ਉਨਾ ਕਿਹਾ ਸਾਈਬਰ ਜਾਗੋ ਮੁਹਿੰਮ ਤਹਿਤ 3,968 ਸਰਕਾਰੀ ਹਾਈ ਸਕੂਲਾਂ ਦੇ ਅਧਿਆਪਕਾਂ ਨੂੰ "ਡਿਜੀਟਲ ਸਲਾਹਕਾਰ" ਵਜੋਂ ਸਿਖਲਾਈ ਦਿੱਤੀ ਜਾ ਰਹੀ ਏ ਤਾਂ ਜੋ ਵਿਦਿਆਰਥੀਆਂ ਨੂੰ ਔਨਲਾਈਨ ਖਤਰਿਆਂ ਦੀ ਪਛਾਣ ਕਰਨ ਅਤੇ ਸਕ੍ਰੀਨ ‘ਤੇ ਲਾਉਣ ਵਾਲੇ ਸੁਚੱਜੇ ਸਮੇਂ ਬਾਰੇ ਸਿੱਖਿਅਤ ਕੀਤਾ ਜਾ ਸਕੇ।

---

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਅੱਜ ਐਲਾਨ ਕੀਤਾ ਕਿ ਲਿਵਾਸਾ ਹਸਪਤਾਲ ਵੱਲੋਂ 360 ਕਰੋੜ ਰੁਪਏ ਦੇ ਨਿਵੇਸ਼ ਨਾਲ ਲੁਧਿਆਣਾ ਵਿਖੇ ਨਵਾਂ ਮਲਟੀ-ਸਪੈਸ਼ਲਿਟੀ ਹਸਪਤਾਲ ਬਣਾਇਆ ਜਾਵੇਗਾ। ਇਹ ਪੰਜਾਬ ਦੀ ਸਿਹਤ ਸੰਭਾਲ ਸਮਰੱਥਾ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਹੋਰ ਅਹਿਮ ਮੀਲ ਪੱਥਰ ਏ । ਉਨ੍ਹਾਂ ਕਿਹਾ ਕਿ ਲਿਵਾਸਾ ਹਸਪਤਾਲਾਂ ਵੱਲੋਂ ਲੁਧਿਆਣਾ ਵਿਖੇ 368 ਬਿਸਤਰਿਆਂ ਵਾਲਾ ਮਲਟੀ-ਸਪੈਸ਼ਲਿਟੀ ਤੀਜੇ ਦਰਜੇ ਦੀ ਦੇਖਭਾਲ ਵਾਲਾ ਹਸਪਤਾਲ ਬਣਾਉਣ ਲਈ ਪ੍ਰਾਈ-ਮਵਾਕ ਇਨਫਰਾ ਪ੍ਰਾਈਵੇਟ ਲਿਮਟਿਡ ਨਾਲ ਲੰਬੇ ਸਮੇਂ ਲਈ ਸਮਝੌਤਾ ਸਹੀਬੱਧ ਕੀਤਾ ਗਿਆ ਏ । ਇਹ ਹਸਪਤਾਲ ਕੌਮੀ ਸ਼ਾਹਰਾਹ

ਸਥਿਤ ਸ਼ੇਰਪੁਰ ਚੌਂਕ ਵਿਖੇ ਬਣਾਇਆ ਜਾ ਰਿਹਾ ਏ ਤਾਂ ਜੋ ਲੁਧਿਆਣਾ ਅਤੇ ਨੇੜਲੇ ਜ਼ਿਲ੍ਹਿਆਂ ਦੇ ਮਰੀਜ਼ਾਂ ਦੀ ਪਹੁੰਚ ਨੂੰ ਯਕੀਨੀ ਬਣਾਇਆ ਜਾ ਸਕੇ। ਇਹ ਹਸਪਤਾਲ ਇਸ ਸਮੇਂ ਨਿਰਮਾਣ ਅਧੀਨ ਏ ਅਤੇ ਅਗਲੇ 18 ਮਹੀਨਿਆਂ ਵਿੱਚ ਕਾਰਜਸ਼ੀਲ ਹੋ ਜਾਵੇਗਾ। ਲਿਵਾਸਾ ਗਰੁੱਪ ਵੱਲੋਂ ਇਸ ਪ੍ਰੋਜੈਕਟ ‘ਤੇ ਅਨੁਮਾਨਤ 235 ਕਰੋੜ ਰੁਪਏ ਦਾ ਨਿਵੇਸ਼ ਕੀਤਾ ਜਾ ਰਿਹਾ ਏ ।

---------------------------------------------------------------------------

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਏ ਕਿ ਪੱਛਮੀ ਏਸ਼ੀਆ ਖੇਤਰ ਵਿੱਚ ਚੱਲ ਰਹੀ ਜੰਗ ਵਰਗੀ ਸਥਿਤੀ ਦੇ ਮੱਦੇਨਜ਼ਰ LPG, ਪੈਟਰੋਲ ਅਤੇ ਡੀਜ਼ਲ ਵਰਗੀਆਂ ਜ਼ਰੂਰੀ ਵਸਤੂਆਂ ਦੀ ਕੋਈ ਕਮੀ ਨਾ ਹੋਵੇ। ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ, ਹਿੰਦੁਸਤਾਨ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ ਅਤੇ ਭਾਰਤ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੀ

ਪ੍ਰਧਾਨਗੀ ਕਰਦਿਆਂ ਮੰਤਰੀ ਨੇ ਨਿਰਵਿਘਨ ਸਪਲਾਈ ਬਰਕਰਾਰ ਰੱਖਣ ਅਤੇ ਇਸ ਸਬੰਧੀ ਲੋਕਾਂ ਵਿੱਚ ਤਣਾਅ ਦਾ ਮਾਹੌਲ ਬਣਨ ਤੋਂ ਰੋਕਣ ਲਈ ਤਾਲਮੇਲ ਵਾਲੇ ਉਪਾਵਾਂ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸ਼੍ਰੀ ਕਟਾਰੂਚੱਕ ਨੇ ਕਿਹਾ ਕਿ ਪੱਛਮੀ ਏਸ਼ੀਆਈ ਦੇਸ਼ਾਂ ਵਿੱਚ ਚੱਲ ਰਹੀ ਜੰਗ ਦੇ ਮੱਦੇਨਜ਼ਰ, ਕੇਂਦਰ ਸਰਕਾਰ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਏ ਕਿ ਐਲਪੀਜੀ, ਪੈਟਰੋਲ ਅਤੇ ਡੀਜ਼ਲ ਵਰਗੀਆਂ ਜ਼ਰੂਰੀ ਵਸਤਾਂ ਦੀ ਕੋਈ ਕਮੀ ਨਾ ਹੋਵੇ ਤਾਂ ਜੋ ਜਨਤਾ ਨੂੰ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਮੰਤਰੀ ਨੇ ਕੇਂਦਰ ਸਰਕਾਰ ਵੱਲੋਂ ਗਠਿਤ ਉੱਚ ਅਧਿਕਾਰ ਪ੍ਰਾਪਤ ਕਮੇਟੀ ਨੂੰ ਚੌਕਸ ਰਹਿਣ ਅਤੇ ਲੋੜੀਂਦੀ ਸਪਲਾਈ ਬਰਕਰਾਰ ਰੱਖਣ ਲਈ ਜ਼ਰੂਰੀ ਕਦਮ ਚੁੱਕਣ ਦੀ ਅਪੀਲ ਕੀਤੀ। ਮੰਤਰੀ ਨੇ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੂੰ ਜ਼ਿਲ੍ਹਾ ਪੱਧਰ 'ਤੇ ਸਥਿਤੀ ਦੀ ਨੇੜਿਓਂ ਨਿਗਰਾਨੀ ਕਰਨ ਦੇ ਵੀ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਵਿਘਨ ਤਾਲਮੇਲ ਨੂੰ ਯਕੀਨੀ ਬਣਾਉਣ ਲਈ ਡਿਪਟੀ ਕਮਿਸ਼ਨਰਾਂ ਅਤੇ ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰਾਂ ਨਾਲ

ਮੀਟਿੰਗਾਂ ਕਰਨ ਦੇ ਨਿਰਦੇਸ਼ ਦਿੱਤੇ ਜਿਨ੍ਹਾਂ ਵਿੱਚ ਗੈਸ ਕੰਪਨੀਆਂ ਦੇ ਨੁਮਾਇੰਦੇ ਵੀ ਸ਼ਾਮਲ ਹੋਣ,ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਜ਼ਰੂਰੀ ਵਸਤਾਂ ਦੀ ਸਪਲਾਈ ਵਿੱਚ ਕੋਈ ਰੁਕਾਵਟ ਨਾ ਆਵੇ।" ਮੰਤਰੀ ਨੇ ਕਿਹਾ ਕਿਸੇ ਵੀ ਕੀਮਤ ਉੱਤੇ ਜ਼ਰੂਰੀ ਵਸਤਾਂ ਦੀ ਗੈਰ-ਕਾਨੂੰਨੀ ਜਮ੍ਹਾਂਖੋਰੀ ਨਹੀਂ ਹੋਣੀ ਚਾਹੀਦੀ। ਜਮ੍ਹਾਂਖੋਰੀ ਵਿੱਚ ਸ਼ਾਮਲ ਹਰ ਵਿਅਕਤੀ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

---------------------------------------------------------------------------

ਇਸੇ ਦੌਰਾਨ ਵੱਖ ਵੱਖ ਜ਼ਿਲਾ ਪ੍ਰਸ਼ਾਸ਼ਨਾ ਵਲੋਂ ਲੋਕਾਂ ਨੂੰ ਅਫ਼ਵਾਹਾਂ 'ਤੇ ਵਿਸ਼ਵਾਸ ਨਾ ਕਰਨ ਦੀ ਅਪੀਲ ਕੀਤੀ ਗਈ ਏ । ਪਠਾਨਕੋਟ , ਮੁਕਤਸਰ ਸਮੇਤ ਹੋਰਨਾਂ ਜ਼ਿਲਿਆਂ ਦੇ ਡਿਪਟੀ ਕਮਿਸ਼ਨਰਾਂ ਨੇ ਮੀਟਿੰਗ ਦੌਰਾਨ ਸਮੂਹ ਗੈਸ ਏਜੰਸੀਆਂ ਅਤੇ ਪੈਟਰੋਲ ਪੰਪਾਂ ਦੇ ਮਾਲਕਾਂ ਨੂੰ ਹਦਾਇਤ ਕੀਤੀ ਗਈ ਕਿ ਉਹ ਮੌਜੂਦਾ ਸਮੇਂ ਖਾੜੀ ਖੇਤਰ ਦੇ ਦੇਸ਼ਾਂ ਵਿੱਚ ਬਣ ਰਹੇ ਜੰਗੀ ਤਣਾਅ ਦੇ ਹਾਲਾਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਮੋਟਰ ਵਾਹਨਾਂ ਲਈ ਪੈਟਰੋਲ, ਡੀਜਲ

ਅਤੇ ਘਰੇਲੂ ਖਪਤਕਾਰਾਂ ਦੀ ਵਰਤੋਂ ਲਈ (LPG) ਗੈਸ ਸਿਲੰਡਰਾਂ ਦੀ ਨਿਰੰਤਰ ਸਪਲਾਈ ਯਕੀਨੀ ਬਣਾਈ ਜਾਵੇ।

---------------------------------------------------------------------------

ਕੇਂਦਰੀ ਏਜੰਸੀ ਨਾਰਕੋਟਿਕਸ ਕੰਟਰੋਲ ਬਿਊਰੋ-NCB ਨੇ ਤਰਨਤਾਰਨ ਜ਼ਿਲ੍ਹੇ ਦੇ ਪਿੰਡ ਕਲਸੀਆਂ ਕਲਾਂ ਤੋਂ ਆਮ ਆਦਮੀ ਪਾਰਟੀ ਦੇ ਮੌਜੂਦਾ ਸਰਪੰਚ ਪਰਮਜੀਤ ਸਿੰਘ ਦੇ ਘਰ ਛਾਪਾ ਮਾਰਿਆ ਅਤੇ 18 ਕਿਲੋ ਹੈਰੋਇਨ ਬਰਾਮਦ ਕੀਤੀ ਏ। NCB ਨੇ ਉਸਨੂੰ ਹਿਰਾਸਤ ਵਿੱਚ ਲੈ ਲਿਆ ਏ। ਸਾਡੇ ਪਤਰਕਾਰ ਨੇ ਦੱਸਿਆ ਕਿ ਐਨਸੀਬੀ ਦੀ ਇੱਕ ਵਿਸ਼ੇਸ਼ ਟੀਮ ਸਵੇਰੇ ਸਰਪੰਚ ਦੇ ਘਰ ਛਾਪਾ ਮਾਰਿਆ ਅਤੇ ਤਲਾਸ਼ੀ ਲਈ। ਉਸਦੇ ਘਰ ਚ ਵੱਡੀ ਮਾਤਰਾ ਵਿੱਚ ਹੈਰੋਇਨ ਬਰਾਮਦ ਕੀਤੀ ਗਈ। ਏਜੰਸੀ ਨੇ ਅੰਮ੍ਰਿਤਸਰ ਥਾਣਾ ਖੇਤਰ ਵਿੱਚ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਏ। ਇਹ ਸਰਪੰਚ ਪਿੰਡ ਰੱਖਿਆ ਕਮੇਟੀ ਦਾ ਪ੍ਰਧਾਨ ਵੀ ਏ ।

---------------------------------------------------------------------------

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੇ ਪਸ਼ੂਧਨ ਉਤਪਾਦਨ ਪ੍ਰਬੰਧਨ ਵਿਭਾਗ ਨੇ "ਕਿਸਾਨਾਂ ਦੀ ਆਮਦਨ ਵਧਾਉਣ ਲਈ ਵਿਗਿਆਨਕ ਡੇਅਰੀ ਫਾਰਮਿੰਗ, ਮੁੱਲ ਲੜੀ ਜੋੜਨ ਅਤੇ ਮੰਡੀਕਾਰੀ " ਵਿਸ਼ੇ 'ਤੇ ਉੱਨਤ ਉੱਦਮਤਾ ਹੁਨਰ ਵਿਕਾਸ ਪ੍ਰੋਗਰਾਮ ਦਾ ਆਯੋਜਨ ਕੀਤਾ। ਕੇਂਦਰੀ ਸੂਖਮ, ਛੋਟੇ ਅਤੇ ਦਰਮਿਆਨੇ ਉਦਯੋਗ ਵਿਭਾਗ ਦੇ ਸਹਿਯੋਗ ਨਾਲ ਹੋਏ ਸਿਖਲਾਈ ਪ੍ਰੋਗਰਾਮ ਵਿੱਚ ਪੰਜਾਬ ਦੇ ਵੱਖ-ਵੱਖ ਖੇਤਰਾਂ ਤੋਂ ਡੇਅਰੀ-ਅਧਾਰਤ ਉੱਦਮ, ਸਟਾਰਟ-ਅੱਪ ਸ਼ੁਰੂ ਕਰਨ ਜਾਂ ਵਧਾਉਣ ਵਿੱਚ ਦਿਲਚਸਪੀ ਰੱਖਣ ਵਾਲੇ 20 ਗ੍ਰੈਜੂਏਟਾਂ ਨੇ ਹਿੱਸਾ ਲਿਆ । ਉਪ-ਕੁਲਪਤੀ ਡਾ. ਜਤਿੰਦਰ ਪਾਲ ਸਿੰਘ ਗਿੱਲ ਨੇ ਕਿਹਾ ਕਿ ਮੌਜੂਦਾ ਹਾਲਾਤ ਵਿੱਚ, ਡੇਅਰੀ ਉੱਦਮੀ ਦੁੱਧ ਅਤੇ ਦੁੱਧ ਉਤਪਾਦਾਂ ਦੀ ਵਧਦੀ ਮੰਗ ਦੇ ਨਾਲ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਣ, ਪੇਂਡੂ ਵਿਕਾਸ ਨੂੰ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਦੀ ਸਮਾਜਿਕ-ਆਰਥਿਕ ਸਥਿਤੀ ਨੂੰ ਬਿਹਤਰ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣ ਦੇ ਸਮਰੱਥ ਹੈ । ਡੀਨ, ਡਾ. ਸਵਰਨ ਸਿੰਘ ਰੰਧਾਵਾ ਨੇ ਦੱਸਿਆ ਕਿ

ਇਸ ਤਰ੍ਹਾਂ ਦੇ ਸਮਰੱਥਾ-ਨਿਰਮਾਣ ਤੇ ਉੱਦਮਤਾ ਵਿਕਾਸ ਪ੍ਰੋਗਰਾਮ ਵਿਅਕਤੀਆਂ ਨੂੰ ਖੇਤਰੀ ਜ਼ਰੂਰਤਾਂ ਅਤੇ ਬਾਜ਼ਾਰ ਦੀ ਮੰਗ ਦੇ ਅਧਾਰ 'ਤੇ ਨਵੀਨਤਾਕਾਰੀ ਵਿਚਾਰ, ਉਤਪਾਦ ਅਤੇ ਸੇਵਾਵਾਂ ਵਿਕਸਿਤ ਕਰਨ ਵਿੱਚ ਮਦਦ ਕਰਦੇ ਹਨ। ਨਿਰਦੇਸ਼ਕ ਪਸਾਰ ਸਿੱਖਿਆ ਅਤੇ ਕੋਰਸ ਨਿਰਦੇਸ਼ਕ ਡਾ. ਰਵਿੰਦਰ ਸਿੰਘ ਗਰੇਵਾਲ, ਨੇ ਕਿਹਾ ਕਿ ਯੂਨੀਵਰਸਿਟੀ ਸੂਖਮ, ਛੋਟੇ ਅਤੇ ਦਰਮਿਆਨੇ ਉਦਯੋਗ ਵਿਭਾਗ ਦੇ ਸਹਿਯੋਗ ਨਾਲ ਪੰਜਾਬ ਦੇ ਡੇਅਰੀ ਖੇਤਰ ਵਿੱਚ ਆਤਮ -ਨਿਰਭਰਤਾ ਅਤੇ ਟਿਕਾਊ ਉੱਦਮਤਾ ਨੂੰ ਉਤਸ਼ਾਹਿਤ ਕਰਨ ਲਈ ਸੂਖਮ ਅਤੇ ਛੋਟੇ ਕਾਰੋਬਾਰਾਂ ਲਈ ਵਾਤਾਵਰਣ ਪ੍ਰਣਾਲੀ ਨੂੰ ਮਜ਼ਬੂਤ ਕਰਨ ਵਿੱਚ ਮਦਦ ਕਰ ਰਹੀ ਹੈ।

---

ਪੰਜਾਬ  ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਵੱਲੋਂ ਪੀ ਐਮ ਕਿਸਾਨ ਸਨਮਾਨ ਨਿਧੀ  ਦਾ ਲਾਭ ਲੈ ਰਹੇ ਲਾਭਪਾਤਰੀ ਕਿਸਾਨਾਂ ਨੂੰ ਆਪਣੀਆਂ ਕਿਸ਼ਤਾਂ ਨੂੰ ਜਾਰੀ ਰੱਖਣ ਲਈ ਕੇਂਦਰੀ ਕਿਸਾਨ ਰਜਿਸਟਰੀ ਸਿਸਟਮ ਤਹਿਤ ਫਾਰਮਰ ਰਜਿਸਟਰੀ

ਕਰਵਾਉਣਾ ਜ਼ਰੂਰੀ ਕਰ ਦਿੱਤਾ ਏ । ਪਠਾਨਕੋਟ ਦੇ ਮੁੱਖ ਖੇਤੀਬਾੜੀ ਅਫ਼ਸਰ , ਡਾ. ਜੰਗੀਰ ਸਿੰਘ ਗਿੱਲ ਨੇ ਦੱਸਿਆ ਕਿ ਕਿਸਾਨ ਸਨਮਾਨ ਨਿਧੀ ਦਾ ਲਾਭ ਲੈ ਰਹੇ ਕਿਸਾਨਾਂ ਨੂੰ ਰਜਿਸਟਰੇਸ਼ਨ ਆਈ.ਡੀ ਬਣਾਉਣ ਲਈ ਐਗਰੀਸਟੈਕ ਪੋਰਟਲ 'ਤੇ ਰਜਿਸਟਰ ਹੋਣਾ ਲਾਜ਼ਮੀ ਹੋਵੇਗਾ । ਉਹਨਾਂ ਦੱਸਿਆ ਕਿ ਇਸ ਦਾ ਮੁੱਖ ਮੰਤਵ ਕਿਸਾਨਾਂ ਦਾ ਇੱਕ ਕੇਂਦਰਿਤ ਡਾਟਾਬੇਸ ਤਿਆਰ ਕਰਨਾ ਹੋਵੇਗਾ ਤਾਂ ਜੋ ਸਰਕਾਰ ਦੀਆਂ ਕਿਸਾਨ ਪੱਖੀ ਯੋਜਨਾਵਾਂ ਦਾ ਲਾਭ ਅਸਲੀ ਕਿਸਾਨ ਤੱਕ ਸਿੱਧੇ ਅਤੇ ਪਾਰਦਰਸ਼ੀ ਤਰੀਕੇ ਨਾਲ਼ ਪਹੁੰਚ ਸਕੇ। ਡਾ. ਜੰਗੀਰ ਸਿੰਘ ਗਿੱਲ ਨੇ ਕਿਸਾਨਾਂ ਨੂੰ ਜਾਗਰੂਕ ਕਰਦੇ ਹੋਏ ਕਿਹਾ ਕਿ ਜੋ ਕਿਸਾਨ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਮੁਕੰਮਲ ਕਰਨ ਵਿੱਚ ਅਸਫ਼ਲ ਰਹਿਣਗੇ ਉਹਨਾਂ ਦੀਆਂ ਭਵਿੱਖ ਵਿੱਚ ਆਉਣ ਵਾਲੀਆਂ ਕਿਸ਼ਤਾਂ 'ਤੇ ਰੋਕ ਲੱਗ ਸਕਦੀ ਏ । ਉਹਨਾਂ ਕਿਸਾਨਾਂ ਨੂੰ ਸਲਾਹ ਦਿੰਦੇ ਹੋਏ ਕਿਹਾ ਕਿ ਲਾਭਪਾਤਰੀ ਕਿਸਾਨ ਆਪਣੇ ਨਜ਼ਦੀਕੀ ਸਾਂਝ ਸੇਵਾ ਕੇਂਦਰ 'ਚ ਆਪਣਾ ਆਧਾਰ ਕਾਰਡ ਲੈ ਕੇ ਜਾਣ ਤੇ ਬਿਨਾਂ ਦੇਰੀ ਦੇ ਰਜਿਸਟ੍ਰੇਸ਼ਨ ਕਰਵਾਉਣ।

------------------------------------------------------------------------------

ਆਲ ਇੰਡੀਆ ਸਿਵਲ ਸਰਵਿਸਿਜ਼ ਵੇਟਲਿਫਟਿੰਗ ਅਤੇ ਪਾਵਰਲਿਫਟਿੰਗ ਟੂਰਨਾਮੈਂਟ 2025-26 ਦੇ ਪਾਵਰਲਿਫਟਿੰਗ ਮੁਕਾਬਲੇ ਬੀਤੇ ਦਿਨ ਚੰਡੀਗੜ੍ਹ ਵਿਖੇ ਸਮਾਪਤ ਹੋਏ।

ਇਹ ਚੈਂਪੀਅਨਸ਼ਿਪ ਖੇਡ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਵਲੋਂ ਕੇਂਦਰੀ ਸਿਵਲ ਸਰਵਿਸਿਜ਼ ਸੱਭਿਆਚਾਰਕ ਅਤੇ ਖੇਡ ਬੋਰਡ ਦੀ ਸਰਪ੍ਰਸਤੀ ਵਿੱਚ ਆਯੋਜਿਤ ਕੀਤੀ ਗਈ। ਕੇਂਦਰ ਸਰਕਾਰ ਦੇ ਵਿਭਾਗਾਂ ਅਤੇ ਸੰਗਠਨਾਂ ਦੇ ਖਿਡਾਰੀਆਂ ਨੇ ਚੈਂਪੀਅਨਸ਼ਿਪ ਵਿੱਚ ਹਿੱਸਾ ਲਿਆ ਅਤੇ 8 ਤੋਂ 10 ਮਾਰਚ ਤੱਕ ਪਾਵਰਲਿਫਟਿੰਗ ਮੁਕਾਬਲਿਆਂ ਦੇ ਦੌਰਾਨ ਆਪਣੀ ਪ੍ਰਤੀਯੋਗੀ ਭਾਵਨਾ ਦਾ ਪ੍ਰਦਰਸ਼ਨ ਕੀਤਾ । ਪਾਵਰਲਿਫਟਿੰਗ ਮੁਕਾਬਲਿਆਂ ਦੇ ਸਮਾਪਤੀ ਸਮਾਰੋਹ ਵਿੱਚ ਜੁਆਇੰਟ ਡਾਇਰੈਕਟਰ ਸਪੋਰਟਸ, ਡਾ. ਮਹੇਂਦਰ ਸਿੰਘ, ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ।

---

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਜਲ ਮਹੋਤਸਵ 2026 ਸਮਾਗਮ ਵਿੱਚ ਸ਼ਿਰਕਤ ਕੀਤੀ- ਕਿਹਾ ਪਾਣੀ ਦੀ ਸੰਭਾਲ, ਹਰ ਨਾਗਰਿਕ ਦਾ ਫਰਜ਼ ਏ ।

- ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ 'ਚ ਅੱਜ ਵੱਖ-ਵੱਖ ਮੁਦਿਆਂ ਨੂੰ ਲੈਕੇ ਚਰਚਾ ਜਾਰੀ ਰਹੀ- ਸੂਚਨਾ ਤਕਨਾਲੋਜੀ ਮੰਤਰੀ ਅਮਨ ਅਰੋੜਾ ਨੇ ਕਿਹਾ -ਸੂਬਾ ਸਰਕਾਰ ਨਾਬਾਲਗਾਂ ਵਲੋਂ ਸੋਸ਼ਲ ਮੀਡੀਆ ਦੀ ਵਰਤੋਂ ਸਬੰਧੀ ਨਿਯਮ ਬਣਾਉਣ ਵਾਸਤੇ ਮਾਮਲਾ, ਕੇਂਦਰ ਸਰਕਾਰ ਕੋਲ ਚੁੱਕੇਗ ।

- ਪੰਜਾਬ ਦੇ ਕੈਬਿਨੇਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ -ਜ਼ਰੂਰੀ ਵਸਤਾਂ ਦੀ ਗੈਰ-ਕਾਨੂੰਨੀ ਜਮ੍ਹਾਂਖੋਰੀ ਵਿੱਚ ਸ਼ਾਮਲ ਵਿਅਕਤੀ ਖਿਲਾਫ ਹੋਵੇਗੀ ਸਖ਼ਤ ਕਾਰਵਾਈ - ਜ਼ਿਲਾ ਪ੍ਰਸ਼ਾਸ਼ਨ ਵਲੋਂ ਲੋਕਾਂ ਨੂੰ ਅਫ਼ਵਾਹਾਂ ’ਤੇ ਵਿਸ਼ਵਾਸ ਨਾ ਕਰਨ ਦੀ ਅਪੀਲ- ਕਿਹਾ ਸੂਬੇ 'ਚ LPG ਗੈਸ, ਪੈਟਰੋਲ ਅਤੇ ਡੀਜ਼ਲ ਦੀ ਕੋਈ ਕਮੀ ਨਹੀਂ । ਅਤੇ

- ਨਾਰਕੋਟਿਕਸ ਕੰਟਰੋਲ ਬਿਊਰੋ ਨੇ ਤਰਨਤਾਰਨ ਜ਼ਿਲ੍ਹੇ ਦੇ ਪਿੰਡ ਕਲਸੀਆਂ ਕਲਾਂ ਤੋਂ ਆਮ ਆਦਮੀ ਪਾਰਟੀ ਦੇ ਮੌਜੂਦਾ ਸਰਪੰਚ ਪਰਮਜੀਤ ਸਿੰਘ ਦੇ ਘਰ ਛਾਪਾ ਮਾਰਿਆ -18 ਕਿਲੋ ਹੈਰੋਇਨ ਸਮੇਤ ਕੀਤਾ ਗਿਰਫ਼ਤਾਰ ।

------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**